# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :23-06-2026**

ਮਾਈ ਭਾਰਤ ਨੇ ਚੰਡੀਗੜ੍ਹ ਅਤੇ ਪੰਜਾਬ ਭਰ ਵਿੱਚ ਯੂਥ ਕਲੱਬ ਵਿਕਾਸ ਮੁਹਿੰਮ 2026 ਸ਼ੁਰੂ ਕੀਤੀ ਏ, ਇਸਦਾ ਉਦੇਸ਼ ਨੌਜਵਾਨਾਂ ਦੀ ਭਾਗੀਦਾਰੀ ਨੂੰ ਮਜ਼ਬੂਤ ਕਰਨਾ ਅਤੇ ਸੰਗਠਿਤ ਯੁਵਾ ਸਮੂਹਾਂ ਰਾਹੀਂ ਭਾਈਚਾਰੇ ਦੀ ਅਗਵਾਈ ਵਾਲੇ ਵਿਕਾਸ ਨੂੰ ਉਤਸ਼ਾਹਿਤ ਕਰਨਾ ਏ। ਇਸ ਮੁਹਿੰਮ ਦੇ ਹਿੱਸੇ ਵਜੋਂ, ਚੰਡੀਗੜ੍ਹ ਅਤੇ ਪੰਜਾਬ ਵਿੱਚ ਕੰਮ ਕਰ ਰਹੇ ਸਾਰੇ ਮੌਜੂਦਾ ਯੂਥ ਕਲੱਬਾਂ, ਮਹਿਲਾ ਮੰਡਲਾਂ ਅਤੇ ਯੂਥ ਐਸੋਸੀਏਸ਼ਨਾਂ ਨੂੰ ਮਾਈ ਭਾਰਤ ਨਾਲ ਜੁੜਨ ਅਤੇ ਰਾਸ਼ਟਰ ਨਿਰਮਾਣ ਪਹਿਲਕਦਮੀਆਂ ਵਿੱਚ ਸਰਗਰਮ ਭਾਈਵਾਲ ਬਣਨ ਲਈ ਸੱਦਾ ਦਿੱਤਾ ਗਿਆ ਏ। ਇਹ ਮੁਹਿੰਮ ਦਿਲਚਸਪੀ ਰੱਖਣ ਵਾਲੇ ਨੌਜਵਾਨਾਂ ਨੂੰ ਨਵੇਂ ਯੂਥ ਕਲੱਬ ਬਣਾਉਣ ਅਤੇ ਉਨ੍ਹਾਂ ਨੂੰ ਮਾਈ ਭਾਰਤ ਨਾਲ ਰਜਿਸਟਰ ਕਰਨ ਲਈ ਵੀ ਉਤਸ਼ਾਹਿਤ ਕਰਦੀ ਏ। ਮਾਈ ਭਾਰਤ ਭਾਰਤ ਦੀ ਤਰੱਕੀ ਵਿੱਚ ਜੁੜਨ, ਸਿੱਖਣ ਅਤੇ ਯੋਗਦਾਨ ਪਾਉਣ ਲਈ ਇਕ ਮੰਚ ਏ।

ਮਾਈ ਭਾਰਤ ਚੰਡੀਗੜ੍ਹ ਦੇ ਜ਼ਿਲ੍ਹਾ ਯੂਥ ਅਫਸਰ  ਵਿਨੇ ਕੁਮਾਰ ਨੇ ਕਿਹਾ ਕਿ ਉਹ ਸੰਗਠਨ ਜੋ ਆਪਣੇ ਮੌਜੂਦਾ ਕਲੱਬਾਂ ਨੂੰ ਜੋੜਨ ਵਿੱਚ ਦਿਲਚਸਪੀ ਰੱਖਦੇ ਨੇ ਜਾਂ ਇੱਕ ਨਵਾਂ ਯੂਥ ਕਲੱਬ ਸਥਾਪਤ ਕਰਨਾ ਚਾਹੁੰਦੇ ਨੇ  ਉਹ ਚੰਡੀਗੜ੍ਹ  ਦੇ  ਸੈਕਟਰ 12,  ਵਿੱਚ ਪੰਜਾਬ ਇੰਜੀਨੀਅਰਿੰਗ ਕਾਲਜ ਕੈਂਪਸ ਵਿੱਚ ਮਾਈ ਭਾਰਤ ਦਫਤਰ ਵਿੱਚ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਨੇ।

---------------------------------------------------------------------------

ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੂੰ ਸ਼ਰਧਾਂਜਲੀ ਭੇਟ ਕੀਤੀ। ਉਪ ਰਾਸ਼ਟਰਪਤੀ ਨੇ ਡਾ. ਮੁਖਰਜੀ ਨੂੰ ਇੱਕ ਦੂਰਦਰਸ਼ੀ ਨੇਤਾ, ਇੱਕ ਪ੍ਰਸਿੱਧ ਸਿੱਖਿਆ ਸ਼ਾਸਤਰੀ ਅਤੇ ਇੱਕ ਦੇਸ਼ ਭਗਤ ਦੱਸਿਆ। ਉਨ੍ਹਾਂ ਕਿਹਾ ਕਿ ਡਾ. ਮੁਖਰਜੀ ਨੇ ਨਿਡਰਤਾ ਨਾਲ ਦੇਸ਼ ਦੀ ਏਕਤਾ ਅਤੇ ਅਖੰਡਤਾ ਦਾ ਸਮਰਥਨ ਕੀਤਾ। ਉਪ ਰਾਸ਼ਟਰਪਤੀ ਨੇ ਕਿਹਾ ਕਿ ਉਨ੍ਹਾਂ ਦੀ ਕੁਰਬਾਨੀ ਅਤੇ ਇੱਕ ਮਜ਼ਬੂਤ, ਵਿਕਸਤ ਭਾਰਤ ਬਣਾਉਣ ਲਈ ਅਟੱਲ ਵਚਨਬੱਧਤਾ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ। ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੇ ਆਪਣਾ ਜੀਵਨ ਦੇਸ਼

ਦੇ ਵਿਕਾਸ ਲਈ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਡਾ. ਮੁਖਰਜੀ ਦਾ ਅਟੱਲ ਵਿਸ਼ਵਾਸ, ਜਨਤਕ ਜੀਵਨ ਵਿੱਚ ਹਿੰਮਤ ਅਤੇ ਰਾਸ਼ਟਰੀ ਹਿੱਤ ਪ੍ਰਤੀ ਵਚਨਬੱਧਤਾ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ। ਇਸੇ ਦੌਰਾਨ ਪਠਾਨਕੋਟ 'ਚ ਵੀ BJP ਵਰਕਰਾਂ ਨੇ ਮਾਧੋਪੁਰ ਵਿੱਚ ਏਕਤਾ ਸਥਲ ਯਾਦਗਾਰ ਵਿਖੇ ਜਨ ਸੰਘ ਦੇ ਸੰਸਥਾਪਕ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦਾ ਸ਼ਹੀਦੀ ਦਿਵਸ ਮਨਾਇਆ ਅਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਪਠਾਨਕੋਟ ਦੇ ਸਾਬਕਾ ਮੇਅਰ ਅਨਿਲ ਵਾਸੂਦੇਵ ਨੇ ਕਿਹਾ ਕਿ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦਾ ਜੀਵਨ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਏ।

---------------------------------------------------------------------------

ਗੁਰਦਾਸਪੁਰ ਦੇ ਸਠਿਆਲੀ ਹੈੱਡ ਵਰਕਸ ਨੇੜੇ 'ਅੱਪਰ ਬਾਰੀ ਦੁਆਬ' ਨਹਿਰ ਵਿੱਚ ਬੀਤੇ ਦਿਨੀ ਪਏ 100 ਫੁੱਟ ਦੇ ਪਾੜ੍ਹ ਨੂੰ ਪੂਰਨ ਦਾ ਕੱਮ ਅੱਜ ਵੀ ਜਾਰੀ ਏ। ਗੁਰਦਾਸਪੁਰ ਤੋਂ ਸਾਡੇ ਪੱਤਰਕਾਰ ਨੇ ਦਸਿਆ ਏ ਕਿ ਇਸ ਪਾੜ ਨੂੰ ਅਜੇ ਤਕ ਪੂਰਿਆ ਨਹੀਂ ਜਾ ਸਕਿਆ। ਨਹਿਰੀ ਵਿਭਾਗ ਦੇ ਐਕਸੀਅਨ ਵਿਸ਼ਾਲ ਮਹਿਤਾ ਦਾ ਕਹਿਣਾ ਏ ਕਿ ਕੰਮ ਜੰਗੀ ਪੱਧਰ 'ਤੇ ਜਾਰੀ ਏ ਅਤੇ ਜਲਦ ਹੀ ਪਾੜ੍ਹ ਨੂੰ ਪੂਰ ਲਿਆ ਜਾਵੇਗਾ ਓਧਰ ਤਰਨਤਾਰਨ ਦੇ ਰਸੂਲਪੁਰ ਨੇੜੇ ਰਾਜਬਾਹ ਵਿੱਚ ਵੀ ਕੱਲ ਪਏ ਪਾੜ

ਕਾਰਨ ਇਲਾਕੇ ਦੇ ਕਿਸਾਨਾਂ ਦੀ  ਸੈਂਕੜੇ ਏਕੜ ਫਸਲ ਪਾਣੀ ਵਿੱਚ ਡੁੱਬ ਕੇ ਤਬਾਹ ਹੋ ਗਈ।ਜੀ ਨਾਲ ਕਿਸਾਨਾਂ ਨੂੰ ਵੱਡਾ ਨੁਕਸਾਨ ਹੋਇਆ ਏ। ਪ੍ਰਸ਼ਾਸਨ ਅਤੇ ਸਥਾਨਕ ਲੋਕਾਂ ਦੇ ਸਾਂਝੇ ਯਤਨਾਂ ਸਦਕਾ ਰਾਜਬਾਹ ਵਿੱਚ ਬੰਨ ਬਣਾ ਕੇ ਪਾਣੀ ਦੇ ਤੇਜ਼ ਵਹਾਅ ਨੂੰ ਕਾਬੂ ਕੀਤਾ ਗਿਆ, ਜਿਸ ਕਾਰਨ ਹੁਣ ਪਾਣੀ ਦਾ ਪੱਧਰ ਕਾਫੀ ਘੱਟ ਹੋ ਗਿਆ ਏ । ਪ੍ਰਭਾਵਿਤ ਕਿਸਾਨਾਂ ਨੇ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਏ  ਕਿ ਫਸਲਾਂ ਦੇ ਹੋਏ ਨੁਕਸਾਨ ਦੀ ਵਿਸ਼ੇਸ਼ ਗਿਰਦਾਵਰੀ ਕਰਵਾਕੇ ਪ੍ਰਭਾਵਿਤ ਕਿਸਾਨਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ ।

---------------------------------------------------------------------------

ਪੰਜਾਬ ਸਰਕਾਰ ਵੱਲੋਂ ਤਿੰਨ ਸਾਲਾਂ ਦੌਰਾਨ 18 ਸਰਕਾਰੀ ਅਤੇ ਗੈਰ-ਸਰਕਾਰੀ ਸੰਗਠਨਾਂ ਦੇ ਸਹਿਯੋਗ ਨਾਲ ਚਲਾਏ ਜਾ ਰਹੇ ਬਿਰਧ ਘਰਾਂ ਨੂੰ ਕੁੱਲ 15 ਕਰੋੜ 70 ਲਖ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਗਈ ਏ । ਸਮਾਜਿਕ ਸੁਰੱਖਿਆ, ਮਹਿਲਾ  ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਵਿੱਤੀ ਸਾਲ  2025-26 ਦੌਰਾਨ 4.ਕਰੋੜ 10  ਲਖ ਰੁਪਏ  ਦੀ ਗ੍ਰਾਂਟ ਜਾਰੀ ਕੀਤੀ ਗਈ ਏ । ਮੌਜੂਦਾ ਸਮੇਂ ਸੂਬੇ ਦੇ ਇਨ੍ਹਾਂ ਬਿਰਧ ਘਰਾਂ ਵਿੱਚ  641 ਬਜ਼ੁਰਗਾਂ ਨੂੰ ਲਾਭ ਮਿਲ ਰਿਹਾ ਏ  ਜਿਨ੍ਹਾਂ ਨੂੰ ਰਿਹਾਇਸ਼, ਪੌਸ਼ਟਿਕ ਭੋਜਨ ਅਤੇ ਸਿਹਤ ਸੰਭਾਲ

ਵਰਗੀਆਂ ਬਿਹਤਰ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਨੇ । ਡਾ. ਬਲਜੀਤ ਕੌਰ ਨੇ ਕਿਹਾ, ਜਿਨ੍ਹਾਂ ਮਾਪਿਆਂ ਨੇ ਆਪਣੀ ਸਾਰੀ ਉਮਰ ਪਰਿਵਾਰਾਂ ਨੂੰ ਸੰਵਾਰਨ ਲਈ ਸਮਰਪਿਤ ਕੀਤੀ, ਉਨ੍ਹਾਂ ਨੂੰ ਬੁਢਾਪੇ ਵਿੱਚ ਸਨਮਾਨ ਅਤੇ ਸਹਾਰਾ ਦੇਣਾ ਸਾਡੀ ਸਾਂਝੀ ਜ਼ਿੰਮੇਵਾਰੀ ਏ । ਉਨ੍ਹਾਂ ਦਸਿਆ ਕਿ ਬਿਰਧ ਘਰਾਂ ਵਿੱਚ ਉੱਚ ਪੱਧਰੀ ਡਾਕਟਰੀ ਸਹੂਲਤਾਂ, ਮਨੋਰੰਜਨ ਅਤੇ ਘਰ ਵਰਗਾ ਮਾਹੌਲ ਯਕੀਨੀ ਬਣਾਉਣਾ ਏ । ਅਧਿਕਾਰੀਆਂ ਨੂੰ ਲਗਾਤਾਰ ਚੈਕਿੰਗ ਦੇ ਨਿਰਦੇਸ਼ ਦਿੱਤੇ ਗਏ ਹਨ। ਤੁਰੰਤ ਸਹਾਇਤਾ ਅਤੇ ਸ਼ਿਕਾਇਤ ਨਿਵਾਰਣ ਲਈ ਹੈਲਪਲਾਈਨ ਨੰਬਰ 14567 ਤੇ ਸੰਪਰਕ ਕੀਤਾ ਜਾ ਸਕਦਾ ਏ ।

---

ਕੇਂਦਰ ਸਰਕਾਰ ਦੇ ਸੂਖਮ, ਲਘੂ ਤੇ ਦਰਮਿਆਨੇ ਉਦਯੋਗਾਂ ਬਾਰੇ ਵਿਭਾਗ ਅਧੀਨ ਨੈਸ਼ਨਲ ਐਸ.ਸੀ.-ਐਸ.ਟੀ. ਹੱਬ, ਲੁਧਿਆਣਾ ਵੱਲੋਂ ਦਲਿਤ ਇੰਡਿਅਨ ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ -DICCI ਪੰਜਾਬ ਦੇ ਸਹਿਯੋਗ ਨਾਲ ਸ੍ਰੀ ਮੁਕਤਸਰ ਸਾਹਿਬ, ਵਿਖੇ ਕੱਲ 24 ਜੂਨ ਨੂੰ ‘ਉੱਦਮੀ ਜਾਗਰੂਕਤਾ ਅਤੇ ਵਿਸ਼ੇਸ਼ ਵਿਕਰੇਤਾ ਵਿਕਾਸ ਪ੍ਰੋਗਰਾਮ’ ਆਯੋਜਿਤ ਕੀਤਾ ਜਾ ਰਿਹਾ ਏ । ਇਸਦਾ ਉਦੇਸ਼ ਮੌਜੂਦਾ ਅਤੇ ਚਾਹਵਾਨ ਐਸ.ਸੀ.-ਐਸ.ਟੀ. ਉੱਦਮੀਆਂ ਵਿੱਚ ਵਪਾਰਕ ਮੌਕਿਆਂ ਅਤੇ ਹੁਨਰ

ਵਿਕਾਸ ਨੂੰ ਉਤਸ਼ਾਹਿਤ ਕਰਨਾ ਏ। ਇਸ ਪ੍ਰੋਗਰਾਮ ਦਾ ਆਯੋਜਨ ਭਾਗੀਦਾਰਾਂ ਨੂੰ ਵੱਖ-ਵੱਖ ਸਰਕਾਰੀ ਯੋਜਨਾਵਾਂ, ਵਿੱਤੀ ਸਹਾਇਤਾ ਪ੍ਰਣਾਲੀਆਂ ਅਤੇ ਕਾਰੋਬਾਰ ਵਿਕਾਸ ਰਣਨੀਤੀਆਂ ਬਾਰੇ ਜਾਣਕਾਰੀ ਦੇਣ ਲਈ ਕੀਤਾ ਜਾ ਰਿਹਾ ਏ। ਇਸ ਮੌਕੇ ਵੱਖ-ਵੱਖ ਸੰਸਥਾਵਾਂ ਦੇ ਮਾਹਿਰ ਅਤੇ ਨੁਮਾਇੰਦੇ ਹਾਜ਼ਰ ਹੋਣਗੇ। ਇਸ ਦੌਰਾਨ ਭਾਗੀਦਾਰਾਂ ਨੂੰ ਆਪਣੇ ਉੱਦਮ ਸ਼ੁਰੂ ਕਰਨ ਅਤੇ ਚਲਾਉਣ ਸੰਬੰਧੀ ਵਿਹਾਰਕ ਜਾਣਕਾਰੀ ਪ੍ਰਾਪਤ ਹੋਵੇਗੀ।

---------------------------------------------------------------------------

ਪੰਜਾਬ ਸਰਕਾਰ ਵੱਲੋਂ ਫੌਜ ਵਿਚ ਅਗਨੀਵੀਰ ਦੀ ਭਰਤੀ ਲਈ ਮੁਫ਼ਤ ਫਿਜ਼ੀਕਲ ਟ੍ਰੇਨਿੰਗ ਸੀ-ਪਾਈਟ ਕੈਂਪ ਕਪੂਰਥਲਾ ਦੇ ਬੋਰ ਕਾਂਜਲਾ ਵਿਖੇ ਚਲਾਇਆ ਜਾ ਰਿਹਾ ਏ। ਸੀ-ਪਾਈਟ ਕੈਂਪ ਕਪੂਰਥਲਾ ਦੇ ਅਧਿਕਾਰੀ ਕੈਪਟਨ ਅਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਕਪੂਰਥਲਾ, ਜਲੰਧਰ, ਹੁਸ਼ਿਆਰਪੁਰ, ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ ਅਤੇ ਪਠਾਨਕੋਟ ਦੇ ਉਹ ਨੌਜਵਾਨ, ਜਿਨ੍ਹਾਂ ਨੇ ਆਰਮੀ ਅਗਨੀਵੀਰ ਦਾ ਲਿਖਤੀ ਪੇਪਰ ਪਾਸ ਕਰ ਲਿਆ ਏ , ਉਹ ਫਿਜ਼ੀਕਲ ਦੀ ਤਿਆਰੀ ਲਈ ਜਲਦੀ ਤੋਂ ਜਲਦੀ ਸੀ-ਪਾਈਟ ਕੈਂਪ ਵਿਖੇ ਰਿਪੋਰਟ ਕਰਨ। ਕੈਂਪ ਵਿੱਚ ਨੌਜਵਾਨਾਂ ਨੂੰ ਭਰਤੀ ਦੇ ਮਾਪਦੰਡਾਂ ਮੁਤਾਬਿਕ ਹੀ ਟ੍ਰੇਨਿੰਗ ਦਿੱਤੀ ਜਾਂਦੀ

ਏ । ਇਸ ਦੇ ਨਾਲ ਹੀ, ਪੰਜਾਬ ਪੁਲਿਸ ਦੀ ਫਿਜ਼ੀਕਲ ਦੀ ਤਿਆਰੀ ਕਰਨ ਵਾਲੇ ਚਾਹਵਾਨ ਨੌਜਵਾਨ ਵੀ ਆਪਣੀ ਤਿਆਰੀ ਲਈ ਇਸ ਕੈਂਪ ਵਿੱਚ ਰਿਪੋਰਟ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਟ੍ਰੇਨਿੰਗ, ਪੜ੍ਹਾਈ, ਰਿਹਾਇਸ਼ ਅਤੇ ਖਾਣਾ ਬਿਲਕੁਲ ਮੁਫ਼ਤ ਦਿੱਤਾ ਜਾਵੇਗਾ।

--------------------------------------------------------------------------------

ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਤੱਕ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਉੱਤਰਾਖੰਡ,  ਜੰਮੂ ਕਸ਼ਮੀਰ ਅਤੇ ਲੱਦਾਖ ਵਿੱਚ ਤੇਜ਼ ਹਵਾਵਾਂ ਅਤੇ ਗਰਜ ਚਮਕ ਨਾਲ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ ।

--------------------------------------------------------------------------------